ਗੁਰਸਿਦਕ ਫਾਊਂਡੇਸ਼ਨ ਵਲੋਂ 350 ਸਾਲਾ ਸ਼ਹੀਦੀ ਸਮਾਗਮ ਮੌਕੇ ਕਰਵਾਏ ਸੁੰਦਰ ਦਸਤਾਰ ਸਜਾਓ ਮੁਕਾਬਲਿਆਂ ’ਚ ਭਾਗ ਲੈਣ ਵਾਲੇ ਬੱਚਿਆਂ ਨੂੰ ਸਨਮਾਨਿਤ ਕੀਤੇ ਜਾਣ ਦੀ ਤਸਵੀਰ।

350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਸਿਦਕ ਫਾਊਂਡੇਸ਼ਨ ਨੇ ਕਰਵਾਏ ਸੁੰਦਰ ਦਸਤਾਰ ਸਜਾਓ ਮੁਕਾਬਲੇ

ਨੰਗਲ, 27 ਨਵੰਬਰ (ਪ੍ਰੀਤਮ ਸਿੰਘ ਬਰਾਰੀ)-ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਸਮਾਗਮ ਨੂੰ ਮੁੱਖ ਰੱਖਦਿਆਂ ਗੁਰਸਿਦਕ ਫਾਊਂਡੇਸ਼ਨ ਨੰਗਲ ਦੇ ਫਾਊਂਡਰ ਮਨਦੀਪ ਸਿੰਘ ਸੰਧੂ ਵਲੋਂ ਪੀ. ਐਨ. ਐਫ. ਸੀ. ਤੇ ਪੀ. ਏ. ਸੀ. ਐਲ. ਕਾਲੋਨੀ ਵਿਖੇ ਸੁੰਦਰ ਦਸਤਾਰ ਸਜਾਓ ਮੁਕਾਬਲਿਆਂ ਦਾ ਆਯੋਜਨ ਕਰਵਾਇਆ। ਇਸ ਮੌਕੇ ਬਤੌਰ ਮੁੱਖ ਮਹਿਮਾਨ ਨਾਮਵਰ ਉਦਯੋਗਪਤੀ ਸਿਮਰਨਜੀਤ ਸਿੰਘ ਬਿਮਰਾ ਵਲੋਂ ਸ਼ਿਰਕਤ ਕੀਤੀ ਗਈ। ਇਨ੍ਹਾਂ ਦਸਤਾਰ ਮੁਕਾਬਲਿਆਂ ’ਚ ਲਗਪਗ ਡੇਢ ਦਰਜਨ ਕਰੀਬ ਬੱਚਿਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਜਿਸ ’ਚ ਬੀਰ ਦਵਿੰਦਰ ਸਿੰਘ, ਸੋਹਣ ਸਿੰਘ, ਜਸਕੀਰਤ ਸਿੰਘ ਤੇ ਹਰਜੀਤ ਸਿੰਘ ਨੇ ਨਿਰਨਾਇਕ ਟੀਮ ਦਾ ਨਿਰਣਾ ਦਿੱਤਾ। ਸੁੰਦਰ ਦਸਤਾਰ ਮੁਕਾਬਲੇ ’ਚ ਪਹਿਲਾ ਇਨਾਮ 3100 ਰੁਪਏ ਬਵਨੀਤ ਸਿੰਘ, ਦੂਜਾ ਇਨਾਮ 2100 ਰੁਪਏ ਚੰਚਲ ਸਿੰਘ ਤੇ ਤੀਜਾ ਇਨਾਮ 1100 ਰੁਪਏ ਅੰਮ੍ਰਿਤ ਜੋਤ ਸਿੰਘ ਨੇ ਜਿੱਤਿਆ ਜਦ ਕਿ ਬਾਕੀ ਹਿੱਸਾ ਲੈਣ ਵਾਲੇ ਬੱਚਿਆਂ ਨੂੰ ਤਗਮੇ ਦੇ ਕੇ ਸਨਮਾਨਿਤ ਕੀਤਾ। ਮੁਕਾਬਲਿਆਂ ’ਚ ਭਾਗ ਲੈਣ ਵਾਲੇ ਸਾਰੇ ਬੱਚਿਆਂ ਨੂੰ ਉਦਯੋਗਪਤੀ ਸਿਮਰਨਜੀਤ ਸਿੰਘ ਬਿੰਬਰਾ ਇੰਦਰ ਆਟੋ ਇੰਡਸਟਰੀ ਨੰਗਲ ਵਲੋਂ ਦਸਤਾਰਾਂ ਦੇ ਕੇ ਸਨਮਾਨਿਤ ਕੀਤਾ। ਮੁਕਾਬਲਿਆਂ ’ਚ ਗੁਰਸਿੱਧਕ ਫਾਊਂਡੇਸ਼ਨ ਦੇ ਸਹਿਯੋਗੀ ਹਰਦੀਪ ਕੌਰ, ਪ੍ਰਿੰਸੀਪਲ ਜਸਨੂਰ ਕੌਰ, ਰਣਜੀਤ ਸਿੰਘ, ਸ਼ਮਸ਼ੇਰ ਸਿੰਘ, ਜਤਿੰਦਰ ਸਿੰਘ, ਜਸਵੰਤ ਸਿੰਘ, ਮੋਹਣ ਸਿੰਘ ਤੇ ਰਤਨ ਸਿੰਘ ਆਦਿ ਹਾਜ਼ਰ ਸਨ।

ਇੰਦਰ ਆਟੋ ਇੰਡਸਟਰੀਜ਼ ਵਲੋਂ ਭਾਗ ਲੈਣ ਵਾਲੇ ਬੱਚਿਆਂ ਨੂੰ ਦਸਤਾਰਾਂ ਨਾਲ ਕੀਤਾ ਸਨਮਾਨਿਤ

ਖ਼ਾਲਸਾ ਸਕੂਲ ’ਚ ਮਨਾਇਆ 350ਵਾਂ ਸ਼ਹੀਦੀ ਦਿਹਾੜਾ

ਸ੍ਰੀ ਚਮਕੌਰ ਸਾਹਿਬ, 27 ਨਵੰਬਰ (ਜਗਮੋਹਣ ਸਿੰਘ ਨਾਰੰਗ)-ਦੀ ਅੰਬਾਲਾ ਬੋਰਡ ਆਫ ਐਜੂਕੇਸ਼ਨ ਚੰਡੀਗੜ੍ਹ ਅਧੀਨ ਸਬਾਨਕ ਬਾਬਾ ਅਜੀਤ ਸਿੰਘ ਜੁਝਾਰ ਸਿੰਘ ਖ਼ਾਲਸਾ ਸੀਨੀਅਰ ਸੈਕੰਡਰੀ ਸਕੂਲ ਵਿਖੇ ਗੁਰੂ ਤੇਗ ਬਹਾਦਰ ਜੀ, ਭਾਈ ਮਤੀ ਦਾਸ, ਭਾਈ ਸਤੀ ਦਾਸ ਤੇ ਭਾਈ ਦਿਆਲਾ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਮਾਗਮ ਕਰਵਾਇਆ। ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਕਿਰਨਜੋਤ ਕੌਰ ਨੇ ਦੱਸਿਆ ਕਿ ਪ੍ਰਬੰਧਕੀ ਕਮੇਟੀ ਦੇ ਜਨਰਲ ਮੈਨੇਜਰ ਜਥੇਦਾਰ ਹਰਬੰਸ ਸਿੰਘ ਕੰਧੋਲਾ ਸਾਬਕਾ ਅੰਤਰਿਮ ਕਮੇਟੀ ਮੈਂਬਰ ਸ਼੍ਰੋਮਣੀ ਕਮੇਟੀ ਦੇ ਆਦੇਸ਼ਾਂ ’ਤੇ ਕਰਵਾਏ ਇਸ ਸਮਾਗਮ ’ਚ ਵਿਦਿਆਰਥੀਆਂ ਨੇ ਗੁਰੂ ਸਾਹਿਬ ਜੀ ਦੇ ਜੀਵਨ ਨਾਲ ਸੰਬੰਧਿਤ ਕਵੀਸ਼ਰੀ, ਸ਼ਬਦ ਅਤੇ ਲੇਖ ਪੇਸ਼ ਕੀਤੇ। ਉਪਰੰਤ ਸਾਹਿਬਜਾਦਾ ਬਾਬਾ ਜੁਝਾਰ ਸਿੰਘ ਸਿੱਖ ਮਿਸ਼ਨਰੀ ਕਾਲਜ ਚੌਤਾ ਦੇ ਪ੍ਰੋ: ਬਲਵੀਰ ਸਿੰਘ ਨੇ ਆਪਣੇ ਵਿਚਾਰਾਂ ਰਾਹੀਂ ਗੁਰੂ ਤੇਗ ਬਹਾਦਰ ਜੀ, ਭਾਈ ਮਤੀ ਦਾਸ, ਭਾਈ ਸਤੀ ਦਾਸ ਤੇ ਭਾਈ ਦਿਆਲਾ ਦੇ ਕੁਰਬਾਨੀ ਭਰੇ ਇਤਿਹਾਸ ਨੂੰ ਵਿਦਿਆਰਥੀਆਂ ਨਾਲ ਸਾਂਝਾ ਕਰਦਿਆਂ ਕਿਹਾ ਕਿ ਇਹ ਬਲੀਦਾਨ ਮਾਨਵਤਾ ਲਈ ਦਿੱਤਾ, ਜਿਸ ਨੂੰ ਕਦੇ ਵੀ ਭੁਲਾਇਆ ਨਹੀ ਜਾ ਸਕਦਾ। ਗਿਆਨੀ ਕੁਲਦੀਪ ਸਿੰਘ ਐਜੂਕੇਸ਼ਨ ਪੰਜਾਬ ਪ੍ਰਾਜੈਕਟ ਲੁਧਿਆਣਾ ਨੇ ਗੁਰੂ ਸਾਹਿਬ ਦੇ ਸਮੁੱਚੇ ਪਰਿਵਾਰ ਦੀਆਂ ਕੁਰਬਾਨੀਆਂ ਤੋਂ ਜਾਣੂ ਕਰਵਾਇਆ। ਉਪਰੰਤ ਕਥਾ ਵਾਚਕ ਗਿਆਨੀ ਗੁਰਬਾਜ ਸਿੰਘ ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ ਸ੍ਰੀ ਚਮਕੌਰ ਸਾਹਿਬ ਨੇ ਗੁਰਮਤਿ ਵਿਚਾਰਾਂ ਰਾਹੀਂ ਵਿਦਿਆਰਥੀਆਂ ਨੂੰ ਬਾਣੀ ਨਾਲ ਜੋੜਿਆ। ਸੰਸਥਾ ਦੇ ਜਨਰਲ ਮੈਨੇਜਰ ਜਥੇਦਾਰ ਹਰਬੰਸ ਸਿੰਘ ਕੰਧੋਲਾ ਨੇ ਵਿਦਿਆਰਥੀਆਂ ਨੂੰ ਗੁਰੂ ਜੀ ਦੀ ਜੀਵਨੀ ਤੋਂ ਸੇਧ ਲੈਣ ਲਈ ਪ੍ਰੇਰਿਤ ਕਰਦਿਆਂ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸਾਬਕਾ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਪ੍ਰੀਤਮ ਸਿੰਘ ਸੱਲੋਮਾਜਰਾ, ਸ੍ਰੋ: ਅ: ਦਲ (ਪੁਨਰ ਸੁਰਜੀਤ) ਦੇ ਜ਼ਿਲ੍ਹਾ ਜਥੇਦਾਰ ਗੁਰਮੀਤ ਸਿੰਘ ਮਕੜੌਨਾ, ਅਵਤਾਰ ਸਿੰਘ ਘੁੰਮਣ, ਕੁਲਵੰਤ ਸਿੰਘ ਭੂਰੜੇ, ਰਿਟਾ:ਕੈਪਟਨ ਹਰਪਾਲ ਸਿੰਘ ਸੰਧੂਆਂ, ਪ੍ਰਗਟ ਸਿੰਘ ਰੋਲੂ ਮਾਜਰਾ, ਅਮਰਜੀਤ ਸਿੰਘ ਬਹਿਰਾਮਪੁਰ, ਪ੍ਰਸ਼ੋਤਮ ਸਿੰਘ ਬੂਰਮਾਜਰਾ, ਬਹਾਦਰ ਸਿੰਘ ਕੰਗ ਬੂਰਮਾਜਰਾ, ਮਾਨ ਸਿੰਘ ਜਗਤਪੁਰ, ਨਿਰਭੈ ਸਿੰਘ ਸ੍ਰੀ ਚਮਕੌਰ ਸਾਹਿਬ, ਸੁਰਿੰਦਰ ਸਿੰਘ ਵਜੀਦਪੁਰ, ਦਰਬਾਰਾ ਸਿੰਘ ਮਕੜੌਨਾ, ਹਰੀਪਾਲ ਸਿੰਘ ਅਟਾਰੀ ਸਮੇਤ ਸਮੂਹ ਸਟਾਫ ਮੈਂਬਰ ਤੇ ਵਿਦਿਆਰਥੀ ਹਾਜ਼ਰ ਸਨ।

ਖ਼ਾਲਸਾ ਸੀ. ਸੈ. ਸਕੂਲ ਸ੍ਰੀ ਚਮਕੌਰ ਸਾਹਿਬ ਵਿਖੇ ਸ਼ਹੀਦੀ ਵਰ੍ਹੇ ਨੂੰ ਸਮਰਪਿਤ ਕਰਵਾਏ ਸਮਾਗਮ ਦੀ ਤਸਵੀਰ। ਤਸਵੀਰ : ਜਗਮੋਹਣ ਸਿੰਘ ਨਾਰੰਗ

ਸ੍ਰੀ ਅਨੰਦਪੁਰ ਸਾਹਿਬ ਵਿਖੇ ਸ਼ਤਾਬਦੀ ਸਮਾਗਮਾਂ ਮੌਕੇ ਚੱਲ ਰਹੇ ਧਾਰਮਿਕ ਦੀਵਾਨ ’ਚ ਵਿਚਾਰ ਵਿਚ ਗੁਰਮਤਿ ਪ੍ਰਚਾਰ ਕਰਦਾ ਹੋਇਆ ਇਕ ਬੁਲਾਰਾ। (ਸੱਜੇ) ਸ੍ਰੀ ਅਨੰਦਪੁਰ ਸਾਹਿਬ ਵਿਖੇ ਸ਼ਤਾਬਦੀ ਸਮਾਗਮਾਂ ਮੌਕੇ ਢਾਡੀ ਵਾਰਾਂ ਗਾਉਂਦਾ ਹੋਇਆ ਇਕ ਜਥਾ।

ਸ਼ਹੀਦੀ ਸ਼ਤਾਬਦੀ ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਨੇ ਕਰਵਾਇਆ ਢਾਡੀ ਦਰਬਾਰ

ਸ੍ਰੀ ਅਨੰਦਪੁਰ ਸਾਹਿਬ, 27 ਨਵੰਬਰ (ਜੇ. ਐਸ. ਨਿੱਕੂਵਾਲ)-ਗੁਰੂ ਤੇਗ਼ ਬਹਾਦਰ ਸਾਹਿਬ, ਭਾਈ ਮਤੀ ਦਾਸ, ਭਾਈ ਸਤੀ ਦਾਸ ਤੇ ਭਾਈ ਦਿਆਲਾ ਦੀ ਸ਼ਹੀਦੀ ਸ਼ਤਾਬਦੀ ਦੇ ਸਮਾਗਮਾਂ ਤਹਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਗੁਰਦੁਆਰਾ ਸੀਸਗੰਜ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਢਾਡੀ ਦਰਬਾਰ ਕਰਵਾਇਆ। ਜਿਸ ਦੌਰਾਨ ਪੰਥ ਪ੍ਰਸਿੱਧ ਢਾਡੀ ਜਥਿਆਂ ਭਾਈ ਗੁਰਭੇਜ ਸਿੰਘ ਚਵਿੰਡਾ, ਭਾਈ ਜਗਦੀਸ਼ ਸਿੰਘ ਵਡਾਲਾ, ਭਾਈ ਗੁਰਸੇਵਕਜੀਤ ਸਿੰਘ ਪ੍ਰੇਮੀ, ਭਾਈ ਸਤਪਾਲ ਸਿੰਘ ਐਮ. ਏ., ਭਾਈ ਜਸਬੀਰ ਸਿੰਘ ਵਲਟੋਹਾ, ਭਾਈ ਨਿਰਮਲ ਸਿੰਘ ਨੂਰ, ਭਾਈ ਮਿਲਖਾ ਸਿੰਘ ਮੌਜੀ, ਭਾਈ ਤਰਲੋਚਨ ਸਿੰਘ ਭੁਮੱਦੀ ਤੇ ਭਾਈ ਭੁਪਿੰਦਰ ਸਿੰਘ ਪ੍ਰੀਤ ਪਾਰਸਮਨੀ ਆਦਿ ਵਲੋਂ ਆਪਣੀ ਕਲਾ ਅਤੇ ਜੋਸ਼ੀਲੀਆਂ ਵਾਰਾਂ ਰਾਹੀਂ ਸੰਗਤਾਂ ਨੂੰ ਗੁਰੂ ਤੇਗ਼ ਬਹਾਦਰ ਸਾਹਿਬ ਦੇ ਦੈਵੀ ਜੀਵਨ ਅਤੇ ਅਦੁੱਤੀ ਸ਼ਹਾਦਤ ਦੇ ਪ੍ਰਸੰਗ ਸਰਵਣ ਕਰਵਾਏ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਸੁਖਬੀਰ ਸਿੰਘ ਨੇ ਕਿਹਾ ਕਿ ਢਾਡੀ ਕਲਾ ਸਿੱਖ ਇਤਿਹਾਸ ਨੂੰ ਗਾਇਨ ਕਰਨ ਦੀ ਇਕ ਮੌਲਿਕ ਪਰੰਪਰਾ ਹੈ। ਉਨ੍ਹਾਂ ਕਿਹਾ ਕਿ ਢਾਡੀ ਵਾਰਾਂ ਰਾਹੀਂ ਸਾਡੀਆਂ ਨਵੀਆਂ ਪੀੜ੍ਹੀਆਂ ਆਪਣੇ ਇਤਿਹਾਸ ਨੂੰ ਸਰਵਣ ਕਰਕੇ ਜੋਸ਼ ਤੇ ਉਤਸ਼ਾਹ ਹਾਸਲ ਕਰਦੀਆਂ ਹਨ। ਇਸ ਤੋਂ ਪਹਿਲਾਂ ਬੀਤੀ ਦੇਰ ਰਾਤ ਗੁਰਦੁਆਰਾ ਸੀਸਗੰਜ ਸਾਹਿਬ ਵਿਖੇ ਕਵੀਸ਼ਰੀ ਦਰਬਾਰ ਵੀ ਹੋਇਆ। ਜਿਸ ’ਚ ਭਾਈ ਮਹਿਲ ਸਿੰਘ ਚੰਡੀਗੜ੍ਹ, ਭਾਈ ਲਖਬੀਰ ਸਿੰਘ ਮਸਤ, ਭਾਈ ਸੁਲੱਖਣ ਸਿੰਘ ਰਿਆੜ, ਭਾਈ ਭਗਤ ਸਿੰਘ ਭਿੱਟੇਵੱਡ, ਭਾਈ ਸੱਚਾ ਸਿੰਘ ਡੇਰਾ ਪਠਾਣਾ, ਭਾਈ ਗੁਰਿੰਦਰਪਾਲ ਸਿੰਘ ਬੌਂਕਾ, ਭਾਈ ਸਤਿਨਾਮ ਸਿੰਘ ਬੱਲੋਵਾਲੀ, ਭਾਈ ਮੱਸਾ ਸਿੰਘ ਸਭਰਾ ਤੇ ਭਾਈ ਪਰਗਟ ਸਿੰਘ ਖੜੂਰ ਸਾਹਿਬ ਨੇ ਕਵੀਸ਼ਰੀ ਵਾਰਾਂ ਜ਼ਰੀਏ ਨੌਵੇਂ ਪਾਤਿਸ਼ਾਹ ਦੇ ਲਾਸਾਨੀ ਸ਼ਹੀਦੀ ਸਾਕੇ ਨੂੰ ਰੂਪਮਾਨ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿਗ ਕਮੇਟੀ ਮੈਂਬਰ ਡਾ. ਦਿਲਜੀਤ ਸਿੰਘ ਭਿੰਡਰ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਮੀਤ ਸਕੱਤਰ ਸੁਖਬੀਰ ਸਿੰਘ, ਜਸਵਿੰਦਰ ਸਿੰਘ, ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਦੇ ਮੈਨੇਜਰ ਸਤਨਾਮ ਸਿੰਘ ਰਿਆੜ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਗੁਰਦੀਪ ਸਿੰਘ ਕੰਗ, ਵਧੀਕ ਮੈਨੇਜਰ ਐਡਵੋਕੇਟ ਹਰਦੇਵ ਸਿੰਘ, ਮੁੱਖ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ ਤੇ ਭਾਈ ਜਗਦੇਵ ਸਿੰਘ ਲੁਧਿਆਣਾ ਆਦਿ ਵੀ ਹਾਜ਼ਰ ਸਨ।

ਡਾਇਰੈਕਟਰ ਕਮਲ ਚੌਹਾਨ ਦਾ ਸਨਮਾਨ ਕਰਦੇ ਹੋਏ ਪ੍ਰਬੰਧਕ ਤੇ ਖੇਡ ਮੇਲੇ ਦੌਰਾਨ ਖਿਡਾਰੀਆਂ ਨੂੰ ਅਸ਼ੀਰਵਾਦ ਦੇਣ ਮੌਕੇ। ਤਸਵੀਰਾਂ : ਵਿੰਦਰਪਾਲ ਝਾਂਡੀਆਂ

ਡਾਇਰੈਕਟਰ ਕਮਲ ਚੌਹਾਨ ਟੇਡੇਵਾਲ ਨੇ ਛਿੰਝ ਛਰਾਹਾਂ ਦੇ ਸੱਭਿਆਚਾਰਕ ਤੇ ਖੇਡ ਮੇਲੇ ’ਚ ਕੀਤੀ ਸ਼ਿਰਕਤ

ਨੂਰਪੁਰ ਬੇਦੀ, 27 ਨਵੰਬਰ (ਵਿੰਦਰਪਾਲ ਝਾਂਡੀਆਂ)-ਬੀਤ ਭਲਾਈ ਕਮੇਟੀ ਵਲੋਂ ਧੰਨ ਧੰਨ ਬਾਪੂ ਕੁੰਭ ਦਾਸ ਜੀ, ਛੱਪੜੀ ਧਾਮ ਦੇ ਪੂਰਨ ਸਹਿਯੋਗ ਨਾਲ ਛਿੰਝ ਛਰਾਹਾਂ ਦੇ ਵਿਰਾਸਤੀ ਮੇਲੇ ਮੌਕੇ ’ਤੇ ਕਰਵਾਏ 30ਵੇਂ ਸੱਭਿਆਚਾਰਕ ਤੇ ਪੇਂਡੂ ਖੇਡ ਮੇਲੇ ਦੌਰਾਨ ਬਤੌਰ ਵਿਸ਼ੇਸ਼ ਮਹਿਮਾਨ ਵਜੋ ਡਾਇੰਗ ਐਸੋਸੀਏਸ਼ਨ ਪੰਜਾਬ ਦੇ ਡਾਇਰੈਕਟਰ ਕਮਲ ਚੌਹਾਨ ਟੇਡੇਵਾਲ ਨੇ ਸ਼ਿਰਕਤ ਕੀਤੀ। ਇਸ ਮੌਕੇ ਨਰੇਸ਼ ਚੌਹਾਨ, ਓਂਕਾਰ ਚੰਦ ਚੌਹਾਨ, ਨਰਿੰਦਰ ਚੌਹਾਨ ਟੇਡੇਵਾਲ, ਕੁਲਦੀਪ ਕਾਂਗੜ, ਬਿੱਲਾ, ਗੁਰਨਾਮ ਸਿੰਘ, ਦਰਸ਼ਨ ਸਿੰਘ ਭਵਾਨੀਪੁਰ ਆਦਿ ਹਾਜ਼ਰ ਸਨ। ਇਸ ਮੌਕੇ ਡਾਇਰੈਕਟਰ ਕਮਲ ਚੌਹਾਨ ਟੇਡੇਵਾਲ ਨੇ ਖਿਡਾਰੀਆਂ ਨੂੰ ਅਸ਼ੀਰਵਾਦ ਦਿੰਦਿਆਂ ਕਿਹਾ ਕਿ ਪੁਰਾਤਨ ਖੇਡ ਮੇਲੇ ਸਾਡੇ ਅਮੀਰ ਵਿਰਸੇ ਸ਼ਾਨ ਹਨ। ਉਨ੍ਹਾਂ ਨੇ ਕਿਹਾ ਕਿ ਨੌਜਵਾਨਾਂ ਨੂੰ ਸਿਹਤਮੰਦ ਤੇ ਨਸ਼ਿਆਂ ਤੋਂ ਦੂਰ ਰੱਖਣ ਲਈ ਖੇਡ ਮੇਲੇ ਬਹੁਤ ਜ਼ਰੂਰੀ ਹਨ। ਉਨ੍ਹਾਂ ਨੇ ਪ੍ਰਬੰਧਕਾਂ ਨੂੰ ਵਧਾਈ ਦਿੰਦਿਆਂ ਆਪਣੇ ਵਲੋਂ 11000 ਰੁਪਏ ਦੀ ਨਕਦ ਰਾਸ਼ੀ ਸਹਿਯੋਗ ਵਜੋ ਦਿੱਤੀ। ਪ੍ਰਬੰਧਕਾਂ ਵਲੋਂ ਉਨਾਂ ਨੂੰ ਸਿਰੋਪਾਓ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ।

ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਜ਼ਿਲ੍ਹਾ ਰੂਪਨਗਰ ਦੀ ਹੋਈ ਮੀਟਿੰਗ ਦੌਰਾਨ ਹਾਜ਼ਰ ਮੈਂਬਰ।

ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਜ਼ਿਲ੍ਹਾ ਰੂਪਨਗਰ ਦੀ ਮੀਟਿੰਗ

ਮੋਰਿੰਡਾ, 27 ਨਵੰਬਰ (ਪ੍ਰਿਤਪਾਲ ਸਿੰਘ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਰੂਪਨਗਰ ਦੀ ਮੀਟਿੰਗ ਸੂਬਾ ਆਗੂ ਸਤਿਨਾਮ ਸਿੰਘ ਪੰਨੂੰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਸੰਬੰਧੀ ਜ਼ਿਲ੍ਹਾ ਆਗੂ ਸਵਰਨ ਸਿੰਘ ਢੰਗਰਾਲੀ ਨੇ ਦੱਸਿਆ ਕਿ ਇਸ ਮੌਕੇ ਕਿਸਾਨ ਮਜ਼ਦੂਰ ਮੋਰਚੇ ਵਲੋਂ ਐਲਾਨੇ ਐਕਸ਼ਨ ਨੂੰ ਲਾਗੂ ਕਰਨ ਸੰਬੰਧੀ ਫ਼ੈਸਲਾ ਕੀਤਾ, ਜਿਸ ’ਚ 1 ਦਸੰਬਰ ਨੂੰ ਡਿਪਟੀ ਕਮਿਸ਼ਨਰ ਨੂੰ ਮੰਗ-ਪੱਤਰ ਦਿੱਤਾ ਜਾਵੇਗਾ, 5 ਦਸੰਬਰ ਨੂੰ ਦੋ ਘੰਟੇ ਲਈ ਰੇਲ ਰੋਕੂ ਪ੍ਰੋਗਰਾਮ ਦੌਰਾਨ ਰੇਲਵੇ ਪਟੜੀ ’ਤੇ ਪੰਜਾਬ ਤੇ ਕੇਂਦਰ ਸਰਕਾਰ ਦੇ ਪੁਤਲੇ ਫੂਕੇ ਜਾਣਗੇ, 10 ਦਸੰਬਰ ਨੂੰ ਸਮਾਰਟ ਬਿਜਲੀ ਮੀਟਰ ਪੁੱਟੇ ਜਾਣਗੇ, 17 ਦਸੰਬਰ ਨੂੰ ਡਿਪਟੀ ਕਮਿਸ਼ਨਰ ਰੂਪਨਗਰ ਦੇ ਦਫ਼ਤਰ ਅੱਗੇ ਰੋਸ ਧਰਨਾ ਲਗਾਇਆ ਜਾਵੇਗਾ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸਤਿਨਾਮ ਸਿੰਘ ਪੰਨੂੰ ਨੇ ਕਿਹਾ ਕਿ ਏਕਤਾ ਤੇ ਸੰਘਰਸ਼ ਦਾ ਨਤੀਜਾ ਹੈ, ਕਿ ਕੇਂਦਰ ਸਰਕਾਰ ਨੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ ਸੈਨੇਟ ਅਤੇ ਸਿੰਡੀਕੇਟ ਮੁੜ ਬਹਾਲ ਕਰਨ ਦਾ ਫ਼ੈਸਲਾ ਕੀਤਾ ਹੈ। ਚੰਡੀਗੜ੍ਹ ਤੇ ਧਾਰਾ 240 ਲਾਗੂ ਕਰਨ ਵਾਲਾ ਬਿਲ ਲੋਕ ਸਭਾ ’ਚ ਪੇਸ਼ ਨਾ ਕਰਨ ਦਾ ਫ਼ੈਸਲਾ ਲਿਆ ਹੈ ਪਰ ਬਿਜਲੀ ਸੋਧ ਬਿਲ 2025 ਨੂੰ ਦਸੰਬਰ ਦੇ ਲੋਕ ਸਭਾ ਸਦਨ ਵਿਚ ਪੇਸ਼ ਕੀਤਾ ਜਾ ਰਿਹਾ ਹੈ, ਜਿਸ ਨਾਲ ਬਿਜਲੀ ਦਾ ਮੁਕੰਮਲ ਨਿੱਜੀ ਕਰਨ ਹੋ ਜਾਵੇਗਾ। ਸਮਾਰਟ ਮੀਟਰ ਹਰ ਘਰ ’ਚ ਲੱਗ ਜਾਣਗੇ। ਸਵਰਨ ਸਿੰਘ ਢੰਗਰਾਲੀ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਅਮਰੀਕਾ ਤੇ ਭਾਰਤ ਵਿਚਕਾਰ ਹੋਏ ਕਰ-ਮੁਕਤ ਖੇਤੀ-ਡਾਇਰੀ ਦੇ ਮਾਰੂ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਵੱਖ-ਵੱਖ ਪਿੰਡਾਂ ਤੋਂ ਪਹੁੰਚੇ ਕਾਰਕੁੰਨਾਂ ਨੂੰ ਮੈਂਬਰਸ਼ਿਪ ਕਾਪੀਆਂ ਵੰਡੀਆਂ ਤੇ ਜਲਦੀ ਮੈਂਬਰ ਭਰਤੀ ਕਰਨ ਦੀ ਯੋਜਨਾਬੰਦੀ ਕੀਤੀ। ਮੀਟਿੰਗ ’ਚ ਨੰਬਰਦਾਰ ਗੁਰਮੀਤ ਸਿੰਘ ਬਾਠ, ਗੁਰਦੇਵ ਸਿੰਘ ਕਾਕਾ ਬਾਠ, ਦਿਲਬਾਗ ਸਿੰਘ ਰਾਏ ਅੰਧਹੇੜੀ, ਸੁਰਿੰਦਰ ਸਿੰਘ ਰਸੂਲਪੁਰ, ਸਰਪੰਚ ਰਣਦੀਪ ਸਿੰਘ ਬਾਠ, ਸੁਰਿੰਦਰ ਸਿੰਘ ਦਾਤਾਰਪੁਰ, ਸੱਜਣ ਸਿੰਘ ਬਡਵਾਲੀ, ਅਮਰੀਕ ਸਿੰਘ, ਰਣਧੀਰ ਸਿੰਘ, ਦਿਲਬਰ ਸਿੰਘ ਤੇ ਗੁਡੂ ਨਥਮਲਪੁਰ, ਰਾਜਵਿੰਦਰ ਸਿੰਘ ਰਣਜੀਤ ਪੁਰਾ, ਵਿੰਦਾ ਖੈਰਪੁਰ, ਅਰਸ਼ਪ੍ਰੀਤ ਸਿੰਘ, ਰਣਜੋਧ ਸਿੰਘ, ਪ੍ਰੇਮ ਸਿੰਘ ਕੰਗ ਤੇ ਧਰਮਪਾਲ ਸਿੰਘ ਬੂਰਮਾਜਰਾ ਆਦਿ ਮੈਂਬਰ ਹਾਜ਼ਰ ਸਨ।

ਪੰਜਵਾਂ ਫੈਪ ਐਵਾਰਡ 28 ਤੋਂ ਹੋਵੇਗਾ ਸ਼ੁਰੂ-ਹਰਜਿੰਦਰ ਸਿੰਘ ਮੱਲ੍ਹੀ

ਸ੍ਰੀ ਚਮਕੌਰ ਸਾਹਿਬ, 27 ਨਵੰਬਰ (ਜਗਮੋਹਣ ਸਿੰਘ ਨਾਰੰਗ)-ਸੰਸਥਾ ਫੈਡਰੇਸ਼ਨ ਆਫ ਪ੍ਰਾਈਵੇਟ ਸ